29102025-Patiala-07.qxd 10/29/2025 12:04 AM Page 1

ਪਟਿਆਲਾ ਦੀ ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ਼ ਲਾਅ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੁਲਿਸ ਅਧਿਕਾਰੀਆਂ ਨੂੰ ਮਿਲਦੇ ਹੋਏ ਅਤੇ ਸਮਾਗਮ ਦੌਰਾਨ ਸੰਬੋਧਨ ਕਰਦੇ ਹੋਏ। ਅਜੀਤ ਤਸਵੀਰਾਂ

ਸੂਬੇ 'ਚ ਪਹਿਲੀ ਵਾਰ ਪੁਲਿਸ ਮੁਲਾਜ਼ਮਾਂ ਦੀ ਗਿਣਤੀ ਇਕ ਲੱਖ ਤੋਂ ਪਾਰ ਹੋਵੇਗੀ-ਮੁੱਖ ਮੰਤਰੀ

ਪਟਿਆਲਾ, 28 ਅਕਤੂਬਰ (ਮਨਦੀਪ ਸਿੰਘ ਖਰੌੜ)-ਸੂਬੇ 'ਚ ਪਹਿਲੀ ਵਾਰ ਪੁਲਿਸ ਮੁਲਾਜ਼ਮਾਂ ਦੀ ਗਿਣਤੀ ਇਕ ਲੱਖ ਤੋਂ ਵਧ ਹੋਵੇਗੀ ਇਸ ਟੀਚੇ ਨੂੰ ਪੂਰਾ ਕਰਨ ਲਈ ਪੰਜਾਬ ਸਰਕਾਰ ਵੱਡੀ ਪੱਧਰ 'ਤੇ ਭਰਤੀ ਕਰ ਰਹੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ਼ ਲਾਅ ਵਿਖੇ ਪੰਜਾਬ ਪੁਲਿਸ ਦੇ ਜਾਂਚ ਅਧਿਕਾਰੀਆਂ ਲਈ ਛੇ ਦਿਨਾਂ ਦੇ ਪ੍ਰਮਾਣਿਤ ਇਨਵੈਸਟੀਗੇਟਰ ਕੋਰਸ ਦੀ ਸ਼ੁਰੂਆਤ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਸਾਲ 2000 ਵਿਚ ਪੰਜਾਬ ਪੁਲਿਸ ਦੀ ਗਿਣਤੀ 80,000 ਸੀ, ਜੋ ਅੱਜ ਵੀ ਲਗਭਗ ਉਨੀ ਹੀ ਹੈ। ਉਨ੍ਹਾਂ ਕਿਹਾ ਕਿ ਇਸ ਤੱਥ ਦੇ ਬਾਵਜੂਦ ਕਿ ਪੰਜਾਬ ਪੁਲਿਸ ਨੂੰ ਦਰਪੇਸ਼ ਚੁਨੌਤੀਆਂ ਅਤੇ ਸਮੱਸਿਆਵਾਂ ਵਿਚ ਕਈ ਗੁਣਾ ਵਾਧਾ ਹੋਇਆ ਹੈ, ਉਨ੍ਹਾਂ ਅਫ਼ਸੋਸ ਜਤਾਇਆ ਕਿ ਪਿਛਲੀਆਂ ਸਰਕਾਰਾਂ ਨੇ ਇਸ ਪਾਸੇ ਵੱਲ ਕੋਈ ਧਿਆਨ ਨਹੀਂ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ 'ਚ ਮੁਲਾਜ਼ਮਾਂ ਦੀ ਇਹ ਗਿਣਤੀ ਜਲਦ ਹੀ ਇਕ ਲੱਖ ਦੇ ਅੰਕੜੇ ਨੂੰ ਪਾਰ ਕਰ ਜਾਵੇਗੀ ਕਿਉਂਕਿ ਸੂਬਾ ਸਰਕਾਰ ਵਲੋਂ ਪਹਿਲਾਂ ਹੀ ਸੂਬੇ ਵਿਚ ਵੱਡੇ ਪੱਧਰ 'ਤੇ ਭਰਤੀ ਮੁਹਿੰਮਾਂ ਜਾਰੀ ਹਨ। ਮੁੱਖ ਮੰਤਰੀ ਨੇ ਕਿਹਾ ਕਿ ਅੱਜ ਸ਼ੁਰੂ ਕੀਤੀ ਗਈ ਇਕ ਨਵੀਂ ਅਤੇ ਮਹੱਤਵਪੂਰਨ ਪਹਿਲਕਦਮੀ ਤਹਿਤ ਇਸ ਛੇ ਦਿਨਾਂ ਸਿਖਲਾਈ ਵਰਕਸ਼ਾਪ ਵਿਚ ਕੁੱਲ 730 ਜਾਂਚ ਅਧਿਕਾਰੀ ਹਿੱਸਾ ਲੈਣਗੇ। ਉਨ੍ਹਾਂ ਕਿਹਾ ਕਿ ਐਨਡੀਪੀਐਸ ਐਕਟ ਤਹਿਤ ਨਸ਼ਾ ਤਸਕਰਾਂ ਅਤੇ ਸਮਗਲਰਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਜਾਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਨਵੀਆਂ ਅਤੇ ਉੱਨਤ ਤਕਨੀਕਾਂ ਅਪਣਾ ਰਹੇ ਅਪਰਾਧੀਆਂ ਨਾਲ ਨਜਿੱਠਣ ਲਈ ਪੁਲਿਸ ਅਧਿਕਾਰੀਆਂ ਨੂੰ ਸਿਖਲਾਈ ਦੇਣਾ ਜ਼ਰੂਰੀ ਹੈ। ਪਹਿਲਾਂ ਜਦੋਂ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਜਾਂਦਾ ਸੀ ਤਾਂ ਉਹ ਅਕਸਰ ਕਾਨੂੰਨੀ ਖ਼ਾਮੀਆਂ ਦਾ ਫ਼ਾਇਦਾ ਉਠਾ ਕੇ ਸਜ਼ਾ ਤੋਂ ਬਚ ਨਿਕਲਦੇ ਸਨ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਪਹਿਲਾਂ ਸਿਆਸੀ ਦਖ਼ਲਅੰਦਾਜ਼ੀ ਵੀ ਕਾਫੀ ਜ਼ਿਆਦਾ ਹੁੰਦੀ ਸੀ, ਜਿਸ ਨਾਲ ਤਸਕਰਾਂ ਨੂੰ ਰਿਹਾਅ ਹੋਣ ਵਿਚ ਮਦਦ ਮਿਲਦੀ ਸੀ, ਪਰ ਹੁਣ ਅਜਿਹੀ ਕਿਸੇ ਵੀ ਸਿਆਸੀ ਦਖ਼ਲਅੰਦਾਜ਼ੀ ਨੂੰ ਪੂਰੀ ਤਰ੍ਹਾਂ ਖ਼ਤਮ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਕੇਂਦਰ ਸਰਕਾਰ ਨਾਲ ਵੀ ਨੇੜਿਉਂ ਤਾਲਮੇਲ ਰੱਖ ਰਹੀ ਹੈ ਅਤੇ ਆਈਪੀਸੀ ਦੀ ਥਾਂ ਭਾਰਤੀ ਨਿਆਂ ਸੰਹਿਤਾ (ਬੀਐਨਐਸ) ਲਾਗੂ ਹੋਣ ਨਾਲ, ਕਈ ਕਾਨੂੰਨੀ ਪ੍ਰਕਿਰਿਆਵਾਂ ਵਿਚ ਬਦਲਾਅ ਆਇਆ ਹੈ, ਜਿਸ ਨਾਲ ਇਹ ਸਿਖਲਾਈ ਹੋਰ ਵੀ ਮਹੱਤਵਪੂਰਨ ਹੋ ਗਈ ਹੈ। ਮੁੱਖ ਮੰਤਰੀ ਨੇ ਕਿਹਾ ਕਿ ਹੁਣ ਸਬੂਤਾਂ ਦੀ ਸੰਭਾਲ ਅਤੇ ਵਿਕਸਤ ਹੋ ਰਹੇ ਕਾਨੂੰਨੀ ਢਾਂਚੇ ਨਾਲ ਅਪਡੇਟ ਰਹਿਣਾ ਅਧਿਕਾਰੀਆਂ ਦੀਆਂ ਜ਼ਰੂਰੀ ਜ਼ਿੰਮੇਵਾਰੀਆਂ ਹਨ, ਜਿਸ ਲਈ ਉਨ੍ਹਾਂ ਨੂੰ ਉੱਭਰ ਰਹੀਆਂ ਤਕਨੀਕਾਂ ਨਾਲ ਲੈਸ ਹੋਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇਹ ਸਿਖਲਾਈ ਪ੍ਰਾਪਤ ਕਰਨ ਵਾਲੇ ਜਾਂਚ ਅਧਿਕਾਰੀਆਂ ਨੂੰ ਨਵਾਂ ਅਤੇ ਠੋਸ ਤਜਰਬਾ ਮਿਲੇਗਾ। ਮਾਨ ਨੇ ਕਿਹਾ ਕਿ ਇਸ ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ਼ ਲਾਅ ਵਿਖੇ ਪੁਲਿਸ ਅਧਿਕਾਰੀਆਂ ਦੇ 27 ਬੈਚ ਇਹ ਸਿਖਲਾਈ ਪ੍ਰਾਪਤ ਕਰਨਗੇ। ਇਹ ਅਧਿਕਾਰੀ ਨਸ਼ਾ ਤਸਕਰਾਂ ਵਿਰੁੱਧ ਕੇਸ ਤਿਆਰ ਕਰਨ ਅਤੇ ਅਦਾਲਤ ਵਿਚ ਮੁਕੱਦਮਾ ਚਲਾਉਣ ਸੰਬੰਧੀ ਵਿਸ਼ੇਸ਼ ਹੁਨਰ ਪ੍ਰਾਪਤ ਕਰਨਗੇ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਅਪਰਾਧੀਆਂ ਨੂੰ ਬਣਦੀ ਸਜ਼ਾ ਮਿਲੇ।

ਇਸ ਮੌਕੇ ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ, ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਲਾਅ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਜੈ ਸ਼ੰਕਰ ਸਿੰਘ, ਡਵੀਜ਼ਨਲ ਕਮਿਸ਼ਨਰ ਵਿਨੈ ਬੁਬਲਾਨੀ, ਡੀ.ਆਈ.ਜੀ. ਕੁਲਦੀਪ ਸਿੰਘ ਚਾਹਲ, ਐਂਟੀ ਨਾਰਕੋਟਿਕਸ ਟਾਸਕ ਫੋਰਸ ਪੰਜਾਬ ਦੇ ਸਪੈਸ਼ਲ ਡੀ.ਜੀ.ਪੀ. ਕੁਲਦੀਪ ਸਿੰਘ, ਸ਼ਹਿਰੀ ਪ੍ਰਧਾਨ 'ਆਪ' ਤਜਿੰਦਰ ਮਹਿਤਾ, ਬਲਜਿੰਦਰ ਸਿੰਘ ਢਿੱਲੋਂ, ਮੇਅਰ ਕੁੰਦਨ ਗੋਗੀਆ, ਰਜਿਸਟਰਾਰ ਡਾ. ਇਵਨੀਤ ਵਾਲੀਆ ਅਤੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਸਮੇਤ ਵੱਡੀ ਗਿਣਤੀ ਪੁਲਿਸ ਅਧਿਕਾਰੀ ਮੌਜੂਦ ਸਨ।

ਪ੍ਰੋਗਰਾਮ ਦਾ ਦ੍ਰਿਸ਼। ਅਜੀਤ ਤਸਵੀਰ

ਸਾਇਬਰ ਕ੍ਰਾਈਮ ਦੀ ਟੀਮ ਨੇ ਡਿਜੀਟਲ ਢੰਗ ਨਾਲ ਲੱਖਾਂ ਰੁਪਏ ਦੀ ਠੱਗੀ ਮਾਰਨ ਵਾਲੇ ਨੌਜਵਾਨਾਂ ਨੂੰ ਹਿਰਾਸਤ 'ਚ ਲਿਆ

ਬਨੂੜ, 28 ਅਕਤੂਬਰ (ਭੁਪਿੰਦਰ ਸਿੰਘ)-ਸੋਰਿਆ ਸਿਟੀ ਬਨੂੜ ਦੇ ਇਕ ਫਲੈਟ 'ਚ ਦਿੱਲੀ ਤੋਂ ਆਈ ਸਾਇਬਰ ਕ੍ਰਾਈਮ ਦੀ ਟੀਮ ਨੇ ਛਾਪੇਮਾਰੀ ਕਰਕੇ ਅੱਧੀ ਦਰਜਨ ਦੇ ਕਰੀਬ ਨੌਜਵਾਨਾਂ ਨੂੰ ਹਿਰਾਸਤ ਵਿਚ ਲਿਆ ਹੈ। ਨੌਜਵਾਨਾਂ ਨੇ ਡਿਜੀਟਲ ਢੰਗ ਨਾਲ ਖਾਤੇ ਵਿਚੋਂ ਲੱਖਾਂ ਰੁਪਏ ਠੱਗੀ ਮਾਰੀ ਹੈ। ਜਾਣਕਾਰੀ ਅਨੁਸਾਰ ਦੇਰ ਰਾਤ ਸੋਰਿਆ ਸਿਟੀ ਦੇ ਇਕ ਫਲੈਟ ਵਿਖੇ ਦਿੱਲੀ ਤੋਂ ਇੰਸਪੈਕਟਰ ਅਸ਼ੋਕ ਕੁਮਾਰ ਦੀ ਅਗਵਾਈ ਵਿਚ ਆਈ ਟੀਮ ਨੇ ਛਾਪੇਮਾਰੀ ਕੀਤੀ, ਇਸ ਮੌਕੇ ਉਨ੍ਹਾਂ ਨਾਲ ਬਨੂੜ ਪੁਲਿਸ ਦੇ ਮੁਲਾਜ਼ਮ ਵੀ ਮੌਜੂਦ ਸਨ। ਪੁਲਿਸ ਦੀ ਦਸਤਕ ਦਾ ਪਤਾ ਲਗਦੇ ਹੀ ਕਾਲੋਨੀ ਵਾਸੀ ਸਹਿਮ ਗਏ ਤੇ ਫਲੈਟ ਦੇ ਨੇੜੇ ਇਕੱਠੇ ਹੋ ਗਏ। ਜਦੋਂ ਟੀਮ ਨੇ ਕਾਲੋਨੀ ਵਾਸੀਆਂ ਨੂੰ ਸਾਇਬਰ ਠੱਗੀ ਬਾਰੇ ਦੱਸਿਆ ਤਾਂ ਉਨ੍ਹਾਂ ਨੇ ਸੁੱਖ ਦਾ ਸਾਹ ਲਿਆ। ਛਾਪੇਮਾਰੀ ਦੌਰਾਨ ਟੀਮ ਨੇ ਫਲੈਟ ਵਿਚ ਬੈਠੇ ਕੁਝ ਨੌਜਵਾਨਾਂ ਨੂੰ ਹਿਰਾਸਤ ਵਿਚ ਲਿਆ। ਜਿਨ੍ਹਾਂ ਕੋਲੋਂ ਕਈ ਅਹਿਮ ਦਸਤਾਵੇਜ਼ ਮਿਲੇ। ਟੀਮ ਵਲੋਂ ਫੜੇ ਗਏ ਨੌਜਵਾਨਾਂ ਤੋਂ ਸਖ਼ਤਾਈ ਨਾਲ ਪੁੱਛਗਿੱਛ ਕੀਤੀ ਤਾਂ ਉਨ੍ਹਾਂ ਆਪਣੇ ਹੋਰ ਸਾਥੀਆਂ ਬਾਰੇ ਦੱਸਿਆ ਤੇ ਉਨ੍ਹਾਂ ਨੂੰ ਫ਼ੋਨ ਕਰਕੇ ਮੌਕੇ 'ਤੇ ਬੁਲਾਇਆ ਤੇ ਉਨ੍ਹਾਂ ਨੂੰ ਵੀ ਹਿਰਾਸਤ ਵਿਚ ਲੈ ਲਿਆ। ਦਿੱਲੀ ਤੋਂ ਆਈ ਸਾਇਬਰ ਕ੍ਰਾਈਮ ਦੀ ਟੀਮ ਨੇ ਭਾਵੇਂ ਜਾਂਚ ਮੁਕੰਮਲ ਹੋਣ ਤੱਕ ਜ਼ਿਆਦਾ ਦੱਸਣ ਤੋਂ ਇਨਕਾਰ ਕੀਤਾ ਪਰ ਪਤਾ ਲੱਗਾ ਹੈ ਕਿ ਹਿਰਾਸਤ ਵਿਚ ਲਏ ਗਏ ਨੌਜਵਾਨ ਵਿਦਿਆਰਥੀ ਹਨ। ਜਿਨ੍ਹਾਂ ਵਲੋਂ ਡਿਜੀਟਲ ਤਕਨੀਕ ਨਾਲ ਦਿੱਲੀ ਦੇ ਵਿਅਕਤੀ ਦੇ ਨਾਲ ਲੱਖਾ ਰੁਪਏ ਦੇ ਕਰੀਬ ਠੱਗੀ ਮਾਰੀ ਹੈ। ਪੀੜਤ ਵਿਅਕਤੀ ਨੇ ਇਸ ਦੀ ਸ਼ਿਕਾਇਤ ਸਾਇਬਰ ਕ੍ਰਾਈਮ ਵਿਖੇ ਕੀਤੀ। ਕ੍ਰਾਈਮ ਟੀਮ ਨੇ ਠੱਗੀ ਮਾਰਨ ਵਾਲੇ ਵਿਅਕਤੀਆਂ ਦਾ ਟਰੈਪ ਲਗਾਇਆ ਤੇ ਉਨ੍ਹਾਂ ਦੀ ਲੋਕੇਸ਼ਨ ਇਸ ਏਰੀਏ ਦੀ ਆਈ। ਉਕਤ ਟੀਮ ਪਿਛਲੇ ਕਈ ਦਿਨਾਂ ਤੋਂ ਸ਼ਾਤਰ ਨੌਸਰਬਾਜ਼ਾਂ ਦੀ ਪੈੜ ਨੱਪ ਰਹੀ ਸੀ ਤੇ ਆਖਿਰ ਰਾਤ ਇਹ ਨੌਸਰਬਾਜ਼ ਉਨ੍ਹਾਂ ਦੇ ਹੱਥੇ ਚੜ ਗਏ। ਕ੍ਰਾਈਮ ਟੀਮ ਨੇ ਅੱਧੀ ਦਰਜਨ ਦੇ ਕਰੀਬ ਨੌਜਵਾਨਾਂ ਨੂੰ ਹਿਰਾਸਤ ਵਿਚ ਲਿਆ ਤੇ ਉਨ੍ਹਾਂ ਕੋਲੋਂ ਲੈਪਟਾਪ ਸਮੇਤ ਕਈ ਅਹਿਮ ਦਸਤਾਵੇਜ਼ ਬਰਾਮਦ ਕਰਕੇ ਨੌਜਵਾਨਾਂ ਨੂੰ ਬਨੂੜ ਥਾਣੇ ਲੈ ਆਈ, ਜਿੱਥੇ ਆਪਣੀ ਕਾਰਵਾਈ ਪਾਉਣ ਤੋਂ ਬਾਅਦ ਦਿੱਲੀ ਤੋਂ ਆਈ ਟੀਮ ਇਨ੍ਹਾਂ ਨੌਜਵਾਨਾਂ ਨੂੰ ਨਾਲ ਲੈ ਕੇ ਦਿੱਲੀ ਲਈ ਰਵਾਨਾ ਹੋ ਗਈ। ਟੀਮ ਦੀ ਅਗਵਾਈ ਕਰ ਰਹੇ ਇੰਸਪੈਕਟਰ ਅਸ਼ੋਕ ਕੁਮਾਰ ਨੇ ਕਿਹਾ ਕਿ ਇਹ ਬਹੁਤ ਵੱਡਾ ਨੈਕਸੈਸ ਹੈ ਜੋ ਭੋਲੇ ਭਾਲੇ ਲੋਕਾਂ ਨੂੰ ਆਪਣੀ ਠੱਗੀ ਦਾ ਸ਼ਿਕਾਰ ਬਣਾਉਂਦੇ ਹਨ। ਉਨ੍ਹਾਂ ਕਿਹਾ ਕਿ ਫੜੇ ਗਏ ਨੌਜਵਾਨਾਂ ਤੋਂ ਦਿੱਲੀ ਜਾ ਕੇ ਪੁੱਛਗਿੱਛ ਕੀਤੀ ਜਾਵੇਗੀ। ਜਿਸ ਤੋਂ ਇਨ੍ਹਾਂ ਦੀ ਬਣੀ ਵੱਡੀ ਚੈਨ ਦਾ ਪਰਦਾਫਾਸ਼ ਹੋਵੇਗਾ। ਇਸ ਮਾਮਲੇ ਸੰਬੰਧੀ ਜਦੋਂ ਥਾਣਾ ਮੁੱਖੀ ਬਨੂੜ ਅਰਸ਼ਦੀਪ ਸ਼ਰਮਾ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਦਿੱਲੀ ਵਿਖੇ ਕਿਸੇ ਵਿਅਕਤੀ ਨਾਲ ਲੱਖਾਂ ਰੁਪਏ ਦੀ ਡਿਜੀਟਲ ਠੱਗੀ ਹੋਈ ਸੀ। ਜਿਸ ਨੂੰ ਟਰੇਸ ਕਰਦੀ ਸਾਇਬਰ ਕ੍ਰਾਈਮ ਦੀ ਟੀਮ ਇੱਥੇ ਪੁੱਜੀ। ਉਨ੍ਹਾਂ ਕਿਹਾ ਕਿ ਟੀਮ ਨੇ ਫਲੈਟਾਂ ਵਿਚੋਂ ਕੁਝ ਨੌਜਵਾਨਾਂ ਨੂੰ ਹਿਰਾਸਤ ਵਿਚ ਲਿਆ ਹੈ। ਜਿਨ੍ਹਾਂ ਤੋਂ ਪੁੱਛਗਿੱਛ ਲਈ ਟੀਮ ਆਪਣੇ ਨਾਲ ਦਿੱਲੀ ਲੈ ਗਈ।

ਫੜੇ ਗਏ ਨੌਜਵਾਨਾਂ ਦੇ ਵਾਹਨਾਂ ਦੀ ਜਾਂਚ ਕਰਦੇ ਹੋਏ ਟੀਮ ਦੇ ਮੈਂਬਰ। ਅਜੀਤ ਤਸਵੀਰ

ਬਾਹਰੋਂ ਫੋਨ ਕਰ ਕੇ ਨਸ਼ੀਲੇ ਪਦਾਰਥ ਮੰਗਵਾਉਣ ਵਾਲਾ ਕੈਦੀ ਚੜ੍ਹਿਆ ਅੜਿੱਕੇ

ਪਟਿਆਲਾ, 28 ਅਕਤੂਬਰ (ਮਨਦੀਪ ਸਿੰਘ ਖਰੌੜ)-ਸੂਬਾ ਸਰਕਾਰ ਅਤੇ ਜੇਲ੍ਹ ਵਿਭਾਗ ਵਲੋਂ ਵੱਡੇ ਵੱਡੇ ਦਾਅਵੇ ਕਰਨ ਦੇ ਬਾਵਜੂਦ ਵੀ ਕੇਂਦਰੀ ਜੇਲ੍ਹ ਪਟਿਆਲਾ ਵਿਚ ਨਸ਼ੀਲੇ ਪਦਾਰਥ ਅਤੇ ਮੋਬਾਈਲਾਂ ਦੀ ਆਮਦ ਨਹੀਂ ਰੁਕ ਰਹੀ। ਹੈਰਾਨੀ ਦੀ ਗੱਲ ਤਾਂ ਇਹ ਹੈ ਕਿ ਜੇਲ੍ਹ ਵਿਚ ਲੱਗੇ ਜੈਮਰਾਂ ਕਾਰਨ ਆਲੇ ਦੁਆਲੇ ਦੇ ਲੋਕਾਂ ਦੇ ਮੋਬਾਈਲਾਂ ਦਾ ਨੈੱਟਵਰਕ ਪ੍ਰਭਾਵਿਤ ਹੋ ਰਿਹਾ ਹੈ ਪਰ ਜੇਲ੍ਹ ਅੰਦਰੋਂ ਫੋਨ ਰਾਹੀਂ ਬਾਹਰ ਸੰਪਰਕ ਕਰਕੇ ਜੇਲ੍ਹ ਅੰਦਰ ਨਸ਼ੀਲੇ ਪਦਾਰਥ ਅਤੇ ਫੋਨ ਮੰਗਵਾ ਰਿਹਾ ਹੈ। ਕੀ ਜੇਲ੍ਹ ਦੇ ਜੈਮਰ ਕੈਦੀਆਂ ਦੇ ਮੋਬਾਇਲ ਨੈੱਟਵਰਕ ਨੂੰ ਨਹੀਂ ਰੋਕਦੇ ਹਾਲੇ ਇਹ ਸਵਾਲ ਹੀ ਬਣਿਆ ਹੋਇਆ ਹੈ। ਇਸੇ ਸਿਲਸਿਲੇ ਤਹਿਤ ਜੇਲ੍ਹ ਅੰਦਰੋਂ ਬਾਹਰ ਫੋਨ ਕਰਕੇ ਜਰਦੇ ਦੀਆਂ ਪੁੜੀਆਂ ਅਤੇ ਮੋਬਾਇਲ ਮੰਗਵਾਉਂਦਾ ਜੇਲ੍ਹ ਪ੍ਰਸ਼ਾਸਨ ਵਲੋਂ ਫੜਿਆ ਗਿਆ ਹੈ। ਇਸ ਸੰਬੰਧੀ ਪਟਿਆਲਾ ਜੇਲ੍ਹ ਦੇ ਸਹਾਇਕ ਸੁਪਰਡੈਂਟ ਸਰਤਾਜ ਸਿੰਘ ਨੇ ਪੁਲਿਸ ਕੋਲ ਦਰਜ ਕਰਵਾਈ ਕਿ ਉਨ੍ਹਾਂ ਗਸ਼ਤ ਦੌਰਾਨ ਕੈਦੀ ਸ਼ੰਕਰ ਬਹਾਦਰ ਦੀ ਸ਼ੱਕ ਦੇ ਆਧਾਰ ਉੱਤੇ ਤਲਾਸ਼ੀ ਲਈ ਤਾਂ ਉਸ ਤੋਂ ਜਰਦੇ ਦੀਆਂ ਪੁੜੀਆਂ ਬਰਾਮਦ ਹੋਈਆਂ। ਕੈਦੀ ਨੇ ਦੱਸਿਆ ਕਿ ਇਹ ਪੁੜੀਆਂ ਉਹ ਕੈਦੀ ਜੀਵਨ ਚੌਧਰੀ ਅਤੇ ਕੈਦੀ ਸੋਨੂੰ ਨੂੰ ਫੜਾਉਣ ਲਈ ਗਿਆ ਸੀ। ਬਾਅਦ ਵਿਚ ਕੈਦੀ ਜੀਵਨ ਚੌਧਰੀ ਦੀ ਤਲਾਸ਼ੀ ਲਈ ਤਾਂ ਉਸ ਕੋਲੋਂ ਇਕ ਮੋਬਾਇਲ ਅਤੇ 10 ਜਰਦੇ ਦੀਆਂ ਪੁੜੀਆਂ ਸਮੇਤ ਸੁਲਫ਼ਾ ਬਰਾਮਦ ਹੋਇਆ। ਇਸੇ ਤਰ੍ਹਾਂ ਕੈਦੀ ਸੋਨੂੰ ਕੋਲੋਂ ਇਕ ਮੋਬਾਇਲ ਤੇ ਸਿਮ ਕਾਰਡ ਮਿਲਿਆ। ਪੁੱਛਗਿੱਛ ਦੌਰਾਨ ਕੈਦੀ ਸੋਨੂੰ ਨੇ ਦੱਸਿਆ ਕਿ ਉਹ ਜੇਲ੍ਹ ਦੇ ਨੇੜੇ ਤੇੜੇ ਰਹਿਣ ਵਾਲੇ ਵਿਕੀ ਨਾਲ ਫੋਨ ਉਤੇ ਤਾਲਮੇਲ ਕਰਕੇ ਜੇਲ੍ਹ ਅੰਦਰ ਬਾਹਰੋਂ ਪੈਕੇਟ ਸੁਟਵਾਉਂਦਾ ਹੈ ਜਿਸ ਆਧਾਰ ਉਤੇ ਪੁਲਿਸ ਨੇ ਕੈਦੀ ਜੀਵਨ ਚੌਧਰੀ, ਸੋਨੂੰ, ਸ਼ੰਕਰ ਬਹਾਦਰ ਅਤੇ ਮੁਲਜ਼ਮ ਵਿਕੀ ਖਿਲਾਫ ਕੇਸ ਦਰਜ ਕਰ ਲਿਆ ਹੈ। ਇਸ ਸੰਬੰਧੀ ਜਦੋਂ ਪਟਿਆਲਾ ਜੇਲ੍ਹ ਸੁਪਰਡੈਂਟ ਗੁਰਚਰਨ ਸਿੰਘ ਧਾਲੀਵਾਲ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਨ੍ਹਾਂ ਨਾਲ ਸੰਪਰਕ ਨਹੀਂ ਹੋ ਸਕਿਆ। ਇਸ ਸੰਬੰਧੀ ਥਾਣਾ ਤ੍ਰਿਪੜੀ ਦੇ ਮੁਖੀ ਇੰਸ. ਸੁਖਵਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਉਹ ਇਸ ਕੇਸ ਦੀ ਪੈਰਵਾਈ ਖ਼ੁਦ ਕਰ ਰਹੇ ਹਨ ਪੁਛ ਪੜਤਾਲ ਲਈ ਉਹ ਕੈਦੀਆਂ ਨੂੰ ਪ੍ਰੋਡਕਸ਼ਨ ਵਰੰਟ 'ਤੇ ਲੈ ਕੇ ਆਉਣਗੇ। ਫਿਲਹਾਲ ਪੁਲਿਸ ਇਸ ਮਾਮਲੇ ਦੀ ਪੜਤਾਲ ਕਰ ਰਹੀ ਹੈ।

ਮਵੀ ਕਲਾਂ ਪੁਲਿਸ ਵਲੋਂ ਕਾਬੂ ਕੀਤਾ ਦੋਸ਼ੀ ਪੁਲਿਸ ਪਾਰਟੀ ਨਾਲ। ਤਸਵੀਰ : ਸਾਹਿਬ ਸਿੰਘ

ਕਤਲ ਦੀ ਕੋਸ਼ਿਸ਼ ਦੇ ਮਾਮਲੇ 'ਚ ਲੋੜੀਂਦਾ ਤਿੰਨ ਸਾਲਾਂ ਤੋਂ ਭਗੌੜਾ ਕਾਬੂ

ਸਮਾਣਾ, 28 ਅਕਤੂਬਰ (ਸਾਹਿਬ ਸਿੰਘ)-ਕਤਲ ਦੀ ਕੋਸ਼ਿਸ਼ ਦੇ ਇਕ ਮਾਮਲੇ ਵਿਚ ਤਿੰਨ ਸਾਲ ਤੋਂ ਭਗੌੜੇ ਚੱਲ ਰਹੇ ਮੁਲਜ਼ਮ ਨੂੰ ਥਾਣਾ ਸਦਰ ਸਮਾਣਾ ਦੀ ਪੁਲਿਸ ਨੇ ਕਾਬੂ ਕੀਤਾ ਹੈ, ਜਿਸ ਦੀ ਪਹਿਚਾਣ ਹਰਜਿੰਦਰ ਸਿੰਘ ਵਾਸੀ ਪਿੰਡ ਕੋਟਲੀ ਵਜੋਂ ਹੋਈ ਹੈ। ਮਵੀ ਕਲਾਂ ਪੁਲਿਸ ਚੌਕੀ ਮੁਖੀ ਹਰਦੀਪ ਸਿੰਘ ਵਿਰਕ ਨੇ ਦੱਸਿਆ ਕਿ ਪਰਿਵਾਰਕ ਜਾਇਦਾਦ ਦੇ ਇਕ ਝਗੜੇ ਵਿਚ ਆਪਣੇ ਚਾਚਾ 'ਤੇ ਜਾਨਲੇਵਾ ਹਮਲਾ ਕਰਨ ਦੇ ਦੋਸ਼ ਵਿਚ ਹਰਜਿੰਦਰ ਸਿੰਘ ਅਤੇ ਉਸ ਦੀ ਪਤਨੀ ਵਿਰੁੱਧ 2022 ਵਿਚ ਹੱਤਿਆ ਦੀ ਕੋਸ਼ਿਸ਼ ਦਾ ਮੁਕੱਦਮਾ ਦਰਜ ਕੀਤਾ ਸੀ। ਉਸ ਦੀ ਪਤਨੀ ਨੂੰ ਪੁਲਿਸ ਵਲੋਂ ਹਿਰਾਸਤ ਵਿਚ ਲੈ ਲਿਆ ਗਿਆ ਸੀ, ਜਦੋਂ ਕਿ ਹਰਜਿੰਦਰ ਸਿੰਘ ਮੌਕੇ ਤੋਂ ਫ਼ਰਾਰ ਹੋ ਗਿਆ ਸੀ। ਬੀਤੇ ਦਿਨੀਂ ਗੁਪਤ ਸੂਚਨਾ ਦੇ ਅਧਾਰ 'ਤੇ ਪਿੰਡ ਵਲ ਪੈਦਲ ਜਾ ਰਹੇ ਹਰਜਿੰਦਰ ਸਿੰਘ ਨੂੰ ਮਵੀ ਕਲਾਂ ਚੌਕੀ ਦੀ ਪੁਲਿਸ ਨੇ ਕਾਬੂ ਕਰ ਲਿਆ। ਅਧਿਕਾਰੀ ਅਨੁਸਾਰ ਕਥਿਤ ਮੁਲਜ਼ਮ ਨੂੰ ਮਾਣਯੋਗ ਅਦਾਲਤ ਵਿਚ ਪੇਸ਼